# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 98772-46588, +1 (418) 887-0162

Epaper World Punjabi Times 20 ਫਰਵਰੀ 2024 ਦਿਨ ਮੰਗਲਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਵਿਸ਼ਵ ਮਾਤ-ਭਾਸ਼ਾ ਦਿਵਸ ਨੂੰ ਸਮਰਪਿਤ ਸਮਾਗਮ ਵਿੱਚ ਡਾ. ਦਲਬੀਰ ਸਿੰਘ ਕਥੂਰੀਆ, ਬੀਬੀ ਸੁਰਜੀਤ ਕੋਰ ਤੇ ਡਾ. ਮਹਿੰਦਰ ਸਿੰਘ ਰਾਏ ਦਾ ਸਨਮਾਨ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾਃ 20 ਫਰਵਰੀ : ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਜ ਲੁਧਿਆਣਾ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਤੇ ਪਰਵਾਸੀ ਸਾਹਿਤ ਅਧਿਐਨ ਕੇਂਦਰ ਵੱਲੋਂ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ ਡਾ. ਦਲਬੀਰ ਸਿੰਘ ਕਥੂਰੀਆ ਬਾਨੀ ਚੇਅਰਮੈਨ, ਵਿਸ਼ਵ ਪੰਜਾਬੀ ਸਭਾ ਟੋਰੰਟੋ, ਬੀਬੀ ਸੁਰਜੀਤ ਕੌਰ ਸੈਕਰਾਮੈਂਟੋ (ਅਮਰੀਕਾ)ਤੇ ਡਾ. ਮਹਿੰਦਰ ਸਿੰਘ ਰਾਏ (ਯੂ ਕੇ )ਨੂੰ ਪੰਜਾਬੀ ਮਾਤ ਭਾਸ਼ਾ ਦੀ ਨਿਰੰਤਰ ਮੁੱਲਵਾਨ ਸੇਵਾ ਲਈ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨ ਵਜੋਂ ਪ੍ਰੋ. ਗੁਰਭਜਨ ਸਿੰਘ ਗਿੱਲ ਚੇਅਰਮੈਨ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਸ਼ਾਮਿਲ ਹੋਏ।

ਸਮਾਗਮ ਦੇ ਆਰੰਭ ਵਿੱਚ ਡਾ. ਸ. ਪ. ਸਿੰਘ ਸਾਬਕਾ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਅਤੇ ਪ੍ਰਧਾਨ ਗੁਜਰਾਂਵਾਲਾ ਖ਼ਾਲਸਾ ਐਜੂਕੇਸ਼ਨਲ ਕੌਂਸਲ ਨੇ ਸਭ ਨੂੰ ਰਸਮੀ ਤੌਰ ਤੇ ਜੀ ਆਇਆਂ ਕਿਹਾ ਅਤੇ ਮਾਤ ਭਾਸ਼ਾ ਦਿਵਸ ਦੇ ਇਤਿਹਾਸ ਸੰਬੰਧੀ ਅਤੇ ਵਿਦੇਸ਼ਾਂ ਵਿਚ ਪਰਵਾਸੀ ਪੰਜਾਬੀ ਲੇਖਕਾਂ ਵਲੋਂ ਮਾਤ ਭਾਸ਼ਾ ਦੇ ਪ੍ਰਚਾਰ ਤੇ ਪ੍ਰਸਾਰ ਲਈ ਕੀਤੇ ਜਾਂਦੇ ਯਤਨਾਂ ਬਾਰੇ ਦੱਸਿਆ।

ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਬੰਗਲਾ ਦੇਸ਼ ਵਿੱਚ ਮਾਂ ਬੋਲੀ ਬੰਗਲਾ ਲਈ ਕੁਰਬਾਨ ਹੋਏ ਸੂਰਮਿਆਂ ਨੂੰ ਅੱਜ ਦੇ ਦਿਨ ਯਾਦ ਕਰਨਾ ਲਾਜ਼ਮੀ ਹੈ ਕਿਉਂਕਿ ਉਨ੍ਹਾਂ ਦੀ ਕੁਰਬਾਨੀ ਕਾਰਨ ਹੀ ਯੂਨੈਸਕੋ ਨੇ ਇੱਕੀ ਫਰਵਰੀ ਨੂੰ ਵਿਸ਼ਵ ਮਾਤ ਦਿਵਸ ਮਨਾਉਣ ਦੀ ਅਪੀਲ ਕੀਤੀ ਹੈ।



ਉਨ੍ਹਾਂ ਕਿਹਾ ਕਿ ਹਰ ਭਾਸ਼ਾ ਦਾ ਆਪਣਾ ਇਕ ਵੱਖਰਾ ਵਜੂਦ ,ਵੱਖਰੀ ਵਿਸ਼ੇਸ਼ਤਾ ਤੇ ਮਹਾਨਤਾ ਹੁੰਦੀ ਹੈ। ਵੱਧ ਤੋਂ ਵੱਧ ਭਾਸ਼ਾਵਾਂ ਨੂੰ ਸਿੱਖਣਾ ਮਨੁੱਖੀ ਗਿਆਨ ਵਿਚ ਵਾਧਾ ਕਰਦਾ ਹੈ ਪਰੰਤੂ ਆਪਣੀ ਮਾਂ ਬੋਲੀ ਨੂੰ ਨਕਾਰਨਾ ਮਨੁੱਖ ਦੀ ਆਪਣੇ ਆਪ ਨਾਲ ਗੁਸਤਾਖ਼ੀ ਹੈ। ਇਸ ਮੌਕੇ ਬੀਬੀ ਸੁਰਜੀਤ ਸੈਕਰਾਮੈਂਟੋ ਤੇ ਡਾ. ਮੁਹਿੰਦਰ ਸਿੰਘ ਰਾਏ ਨੇ ਪਰਵਾਸੀ ਧਰਤੀ ਤੇ ਪੰਜਾਬੀ ਬੋਲੀ ਦੀ ਸਥਿਤੀ ਬਾਰੇ ਜਾਣਕਾਰੀ ਸਾਂਝੀ ਕੀਤੀ। ਪ੍ਰਧਾਨਗੀ ਭਾਸ਼ਣ ਦੇਂਦਿਆਂ ਡਾ. ਦਲਬੀਰ ਸਿੰਘ ਕਥੂਰੀਆ ਨੇ ਕਿਹਾ ਕਿ ਵਿਸ਼ਵ ਪੰਜਾਬੀ ਸਭਾ ਸੰਸਥਾ ਨਿਰੰਤਰ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਅਤੇ ਪਰਵਾਸੀ ਸਾਹਿਤ ਨੂੰ ਪ੍ਰੋਤਸਾਹਿਤ ਕਰਨ ਲਈ ਯਤਨਸ਼ੀਲ ਹੈ। ਉਨ੍ਹਾਂ ਨੇ ਆਪਣੀ ਵਿਸ਼ਵ ਪੰਜਾਬੀ ਸਭਾ ਵਲੋਂ ਪੰਜਾਬੀ ਭਾਸ਼ਾ ਤੇ ਪੰਜਾਬੀ ਸਾਹਿਤ ਦੀ ਪ੍ਰਫੁਲਤਾ ਲਈ ਕਰਵਾਏ ਜਾਂਦੇ ਸਾਹਿਤਕ ਕਾਰਜਾਂ ਬਾਰੇ ਵੀ ਜਾਣਕਾਰੀ ਦਿੱਤੀ। ਪ੍ਰੋਗਰਾਮ ਦੇ ਆਖੀਰ ਵਿਚ ਪੰਜਾਬੀ ਵਿਭਾਗ ਦੇ ਮੁੱਖੀ ਪ੍ਰੋ. ਸ਼ਰਨਜੀਤ ਕੌਰ ਨੇ ਸਭ ਦਾ ਰਸਮੀ ਤੌਰ ਤੇ ਧੰਨਵਾਦ ਕੀਤਾ।

ਇਸ ਮੌਕੇ ਪ੍ਰੋ. ਮਨਜੀਤ ਸਿੰਘ ਛਾਬੜਾ ਡਾਇਰੈਕਟਰ ਜੀ. ਜੀ. ਐਨ. ਆਈ. ਐਮ. ਟੀ., ਪੰਜਾਬੀ ਵਿਭਾਗ ਦੇ ਡਾ. ਗੁਰਪ੍ਰੀਤ ਸਿੰਘ, ਹਿੰਦੀ ਵਿਭਾਗ ਦੇ ਮੁਖੀ ਪ੍ਰੋ. ਰਜਿੰਦਰ ਕੌਰ ਮਲਹੋਤਰਾ, ਡਾ. ਦਲੀਪ ਸਿੰਘ, ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਸੁਸ਼ਮਿੰਦਰਜੀਤ ਕੌਰ, ਡਾ. ਹਰਗੁਣਜੋਤ ਕੌਰ, ਡਾ. ਭੁਪਿੰਦਰਜੀਤ ਕੌਰ, ਡਾ. ਮਨਦੀਪ ਕੌਰ ਰੰਧਾਵਾ, ਰਾਜਿੰਦਰ ਸਿੰਘ ਸੰਧੂ,ਸ੍ਰੀਮਤੀ ਤੇਜਿੰਦਰ ਕੌਰ ਕਥੂਰੀਆ, ਸ੍ਰੀਮਤੀ ਗੁਰਲੀਨ ਕੌਰ। ਲੱਕੀ,ਕਮਲਜੀਤ ਸਿੰਘ ਲੱਕੀ ਤੇ ਸ. ਕੇਹਰ ਸਿੰਘ ਸੈਕਰਾਮੈਂਟੋ ਵੀ ਹਾਜ਼ਰ ਰਹੇ। ਪ੍ਰੋਗਰਾਮ ਦਾ ਸੰਚਾਲਨ ਪਰਵਾਸੀ ਸਾਹਿਤ ਅਧਿਐਨ ਕੇਂਦਰ ਦੇ ਕੋਆਰਡੀਨੇਟਰ ਡਾ. ਤੇਜਿੰਦਰ ਕੌਰ ਨੇ ਕੀਤਾ।

## ਅੰਤਰ-ਰਾਸ਼ਟਰੀ ਮਾਤ-ਭਾਸ਼ਾ ਦਿਵਸ ਨੂੰ ਸਮਰਪਿਤ ਦੋ-ਰੋਜ਼ਾ ਸਮਾਗਮ ਦਾ ਆਗ਼ਾਜ਼

### ਸ਼ਾਇਰ ਗੁਰਪ੍ਰੀਤ ਹੋਏ ਵਿਦਿਆਰਥੀਆਂ ਤੇ ਸਾਹਿਤ ਪ੍ਰੇਮੀਆਂ ਦੇ ਰੂ-ਬ-ਰੂ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ

ਬਠਿੰਡਾ, 20 ਫਰਵਰੀ : ਮੁੱਖ ਮੰਤਰੀ ਪੰਜਾਬ, ਸ. ਭਗਵੰਤ ਸਿੰਘ ਮਾਨ, ਉਚੇਰੀ ਸਿੱਖਿਆ ਤੇ ਭਾਸ਼ਾਵਾਂ ਮੰਤਰੀ ਪੰਜਾਬ ਸ. ਹਰਜੋਤ ਸਿੰਘ ਬੈਂਸ ਅਤੇ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ, ਸ਼੍ਰੀਮਤੀ ਹਰਪ੍ਰੀਤ ਕੌਰ ਦੀ ਰਹਿਨੁਮਾਈ ਹੇਠ ਭਾਸ਼ਾ ਵਿਭਾਗ ਪੰਜਾਬ ਵੱਲੋਂ ਅੰਤਰ-ਰਾਸ਼ਟਰੀ ਮਾਤ-ਭਾਸ਼ਾ ਦਿਵਸ ਨੂੰ ਸਮਰਪਿਤ ਦੋ-ਰੋਜ਼ਾ ਸਮਾਗਮਾਂ ਦੀ ਲੜੀ ਤਹਿਤ ਸ਼ਾਇਰ ਗੁਰਪ੍ਰੀਤ ਨਾਲ਼ ਐੱਸ.ਐੱਸ.ਡੀ ਕਾਲਜ (ਲੜਕੀਆਂ) ਦੇ ਕਾਨਫਰੰਸ ਹਾਲ ਵਿਖੇ ਕਾਲਜ ਦੇ ਪੰਜਾਬੀ ਵਿਭਾਗ ਦੇ ਸਹਿਯੋਗ ਨਾਲ਼ ਰੂ-ਬ-ਰੂ ਕਰਵਾਇਆ ਗਿਆ। ਇਸ ਸਮਾਗਮ ਦੌਰਾਨ 'ਚ ਸ਼੍ਰੀ ਅੰਮ੍ਰਿਤ ਲਾਲ ਅਗਰਵਾਲ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਆਪ ਆਗੂ ਸ. ਜਗਦੀਸ਼ ਸਿੰਘ ਵੜੈਚ ਅਤੇ ਐੱਫ.ਐੱਮ. ਬਠਿੰਡਾ ਤੋਂ ਸ. ਸੱਤਪਾਲ ਬਰਾੜ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ।

ਮੁੱਖ ਮਹਿਮਾਨ ਸ਼੍ਰੀ ਅੰਮ੍ਰਿਤ ਅਗਰਵਾਲ ਨੇ ਕਿਹਾ ਕਿ ਮਾਂ-ਬੋਲੀ ਪੰਜਾਬੀ ਦੀ ਪ੍ਰਫ਼ੁੱਲਤਾ ਵੱਲ ਪੰਜਾਬ ਸਰਕਾਰ ਵੱਲੋਂ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਹੋਰਨਾਂ ਭਾਸ਼ਾਵਾਂ ਨੂੰ ਸਿੱਖਦੇ ਹੋਏ ਸਾਨੂੰ ਆਪਣੀ ਮਾਂ-ਬੋਲੀ ਨੂੰ ਨਹੀਂ ਭੁੱਲਣਾ ਚਾਹੀਦਾ।



ਆਪਣੇ ਸੁਆਗਤੀ ਭਾਸ਼ਣ ਵਿੱਚ ਜ਼ਿਲ੍ਹਾ ਭਾਸ਼ਾ ਅਫ਼ਸਰ ਕੀਰਤੀ ਕਿਰਪਾਲ ਨੇ ਕਿਹਾ ਕਿ ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਦੌਰਾਨ ਅਜਿਹੇ ਸਮਾਗਮ ਕਰਵਾਉਣ ਦਾ ਮੂਲ ਉਦੇਸ਼ ਸਾਹਿਤਕ ਸ਼ਖ਼ਸੀਅਤਾਂ ਦੇ ਜੀਵਨ 'ਚੋਂ ਮਿਲਦੀ ਸੇਧ ਨੂੰ ਵਿਦਿਆਰਥੀਆਂ ਤੱਕ ਲੈ ਕੇ ਜਾਣਾ ਹੈ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੇ ਸਮਾਗਮ ਵਿਦਿਆਰਥੀਆਂ ਅਤੇ ਮਾਂ-ਬੋਲੀ ਦੇ ਸਬੰਧਾਂ ਨੂੰ ਹੋਰ ਗੂੜ੍ਹਾ ਕਰਨ ਵਿੱਚ ਸਹਾਈ ਹੋਣਗੇ ।

ਸ਼ਾਇਰ ਗੁਰਪ੍ਰੀਤ ਨਾਲ਼ ਰੂ-ਬ-ਰੂ ਦੌਰਾਨ ਕੀਰਤੀ ਕਿਰਪਾਲ ਦੁਆਰਾ ਕੀਤੇ ਸੁਆਲਾਂ ਦੇ ਜੁਆਬ ਦਿੰਦਿਆਂ ਉਨ੍ਹਾਂ ਆਪਣੀ ਜ਼ਿੰਦਗੀ ਵਿੱਚ ਕਵਿਤਾ ਦੀ ਮਹੱਤਤਾ ਅਤੇ ਉਸਦੀ ਸਿਰਜਣ-ਪ੍ਰਕਿਰਿਆ ਬਾਰੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਉਸਦੀ ਕਵਿਤਾ ਆਮ ਲੋਕਾਂ ਅਤੇ ਆਲ਼ੇ-ਦੁਆਲ਼ੇ 'ਚੋਂ ਨਿਕਲੀ, ਜਿਸ ਵਿੱਚ ਉਸਦੀ ਮਾਂ ਦਾ ਵੀ ਅਹਿਮ ਯੋਗਦਾਨ ਹੈ। ਉਨ੍ਹਾਂ ਆਪਣੇ ਸਾਹਿਤਕ ਸਫ਼ਰ ਉੱਪਰ ਰੌਸ਼ਨੀ ਪਾਉਂਦਿਆਂ ਆਪਣੀਆਂ ਹੁਣ ਤੱਕ ਆਈਆਂ ਅਨੇਕਾਂ ਕਿਤਾਬਾਂ ਅਤੇ ਮਿਲੇ ਸਨਮਾਨਾਂ ਬਾਬਤ ਤਫ਼ਸੀਲ ਨਾਲ਼ ਗੱਲਬਾਤ ਕੀਤੀ।

ਸਮਾਗਮ ਦੌਰਾਨ ਕਾਲਜ ਪ੍ਰਿੰਸੀਪਲ ਡਾ. ਨੀਰੂ ਗਰਗ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਮੰਚ ਸੰਚਾਲਕ ਦੀ ਭੂਮਿਕਾ ਖੋਜ਼ ਅਫ਼ਸਰ ਨਵਪ੍ਰੀਤ ਸਿੰਘ ਨੇ ਨਿਭਾਈ।

ਸਮਾਗਮ ਮੌਕੇ ਪੰਜਾਬੀ ਵਿਭਾਗ ਦੇ ਮੁਖੀ ਡਾ. ਸਿਮਰਜੀਤ ਕੌਰ, ਪੰਜਾਬੀ ਪ੍ਰੋਫ਼ੈਸਰ ਗੁਰਮਿੰਦਰਜੀਤ ਕੌਰ, ਸੁਖਮਨੀ ਸਿੰਘ ਵਿਕਰੀ ਕੇਂਦਰ ਇੰਚਾਰਜ ਜ਼ਿਲ੍ਹਾ ਭਾਸ਼ਾ ਦਫ਼ਤਰ ਬਠਿੰਡਾ, ਸਾਹਿਤਕਾਰ ਜਸਪਾਲ ਮਾਨਖੇੜਾ, ਰਣਬੀਰ ਰਾਣਾ, ਨਿਰੰਜਣ ਸਿੰਘ ਪ੍ਰੇਮੀ ,ਸਾਬਕਾ ਡੀ.ਈ.ਓ. ਹਰਦੀਪ ਤੱਗੜ, ਅਮਰਜੀਤ ਸਿੰਘ, ਸ਼ੁਭਮ ,ਕਾਲਜ ਦਾ ਸਟਾਫ਼ ਅਤੇ ਵਿਦਿਆਰਥੀ ਮੌਜੂਦ ਰਹੇ।

## ਕੌਮੀ ਲੋਕ ਅਦਾਲਤ 9 ਮਾਰਚ ਨੂੰ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ

ਬਠਿੰਡਾ, 20 ਫਰਵਰੀ : ਮਾਨਯੋਗ ਨਾਲਸਾ, ਮਾਨਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੇ ਹੁਕਮਾਂ ਅਤੇ ਸ੍ਰੀ ਸੁਮੀਤ ਮਲਹੋਤਰਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਰਹਿਨੁਮਾਈ ਹੇਠ ਸਥਾਨਕ ਜ਼ਿਲ੍ਹਾ ਕਚਹਿਰੀ, ਸਬ-ਡਵੀਜ਼ਨ, ਫੂਲ ਅਤੇ




ਤਲਵੰਡੀ ਸਾਬੋ ਵਿਖੇ 9 ਮਾਰਚ 2024 ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾਵੇਗਾ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਿਵਲ ਜੱਜ (ਸ.ਡ.)/ਸੀ.ਜੇ.ਐਮ.-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਸ੍ਰੀ ਸੁਰੇਸ਼ ਕੁਮਾਰ ਗੋਇਲ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕੌਮੀ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਚੱਲ ਰਹੇ ਕੇਸਾਂ ਦਾ ਆਪਸੀ ਸੁਲਾਹ ਸਮਝੌਤੇ ਰਾਹੀਂ ਨਿਪਟਾਰਾ ਕਰਵਾਉਣ। ਇਸ ਤਰ੍ਹਾਂ ਕਰਨ ਨਾਲ ਦੋਵਾਂ ਧਿਰਾਂ ਦੇ ਧਨ ਅਤੇ ਸਮੇਂ ਦੀ ਬੱਚਤ ਹੋਵੇਗੀ ਅਤੇ ਆਪਸੀ ਭਾਈਚਾਰੇ ਵਿਚ ਵਾਧਾ ਹੋਵੇਗਾ।

ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕਿਸੇ ਧਿਰ ਨੇ ਆਪਣੇ ਕੇਸ ਦਾ ਨਿਪਟਾਰਾ ਲੋਕ ਅਦਾਲਤਾਂ ਰਾਹੀਂ ਕਰਵਾਉਣਾ ਹੈ ਤਾਂ ਉਹ ਸਬੰਧਤ ਅਦਾਲਤ ਜਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਠਿੰਡਾ ਵਿਖੇ ਇੱਕ ਸਾਦਾ ਦਰਖਾਸਤ ਦੇ ਕੇ ਸਬੰਧਤ ਅਦਾਲਤ ਰਾਹੀਂ ਆਪਣੇ ਝਗੜੇ ਦਾ ਨਿਪਟਾਰਾ ਕਰਵਾ ਸਕਦੇ ਹਨ।

## ਖਸਤਾ ਹਾਲਤ ਸੰਧਵਾਂ ਕੋਆਪਰੇਟਿਵ ਸੁਸਾਇਟੀ ਦੀ ਇਮਾਰਤ ਦੀ ਬਦਲੇਗੀ ਨੁਹਾਰ

### ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ 10 ਲੱਖ ਰੁਪਏ ਦਾ ਚੈੱਕ ਕੀਤਾ ਭੇਟ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 20 ਫਰਵਰੀ : ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਪਿੰਡ ਸੰਧਵਾਂ ਵਿਖੇ 1954 ਤੋਂ ਹੋਂਦ ਵਿੱਚ ਆਈ ਸਹਿਕਾਰੀ ਸਭਾ ਦੀ ਖਸਤਾ ਹਾਲਤ ਇਮਾਰਤ ਦੀ ਨੁਹਾਰ ਬਦਲਣ ਲਈ 10 ਲੱਖ ਰੁਪਏ ਦਾ ਚੈੱਕ ਭੇਟ ਕੀਤਾ। ਇਸ ਮੌਕੇ ਬੋਲਦਿਆਂ ਉਹਨਾਂ ਕਿਹਾ ਕਿ ਇਸ ਇਮਾਰਤ ਦੇ ਗੋਦਾਮ ਵਿੱਚ ਬਾਰਿਸ਼ਾਂ ਦੌਰਾਨ ਪਾਣੀ ਭਰ



ਜਾਣ ਕਾਰਨ ਭੰਡਾਰ ਕੀਤੀ ਖਾਦ ਅਤੇ ਖੇਤੀਬਾੜੀ ਸੰਦਾਂ ਦਾ ਨੁਕਸਾਨ ਹੋਣ ਦਾ ਡਰ ਬਣਿਆ ਰਹਿੰਦਾ ਸੀ। ਉਹਨਾਂ ਦੱਸਿਆ ਕਿ ਇਸ ਇਮਾਰਤ ਦੀ ਚਾਰ ਦੁਆਰੀ ਅਤੇ ਸਮੁੱਚੀ ਇਮਾਰਤ ਵੀ ਕਾਫੀ ਨੀਵੀਂ ਹੋਣ ਕਾਰਨ ਪਿੰਡ ਵਾਸੀਆਂ ਅਤੇ ਸੁਸਾਇਟੀ ਦੇ ਨੁਮਾਇੰਦਿਆਂ ਲਈ ਖਤਰਾ ਬਣੀ ਹੋਈ ਸੀ। ਉਹਨਾਂ ਦੱਸਿਆ ਕਿ ਸੁਸਾਇਟੀ ਦੇ ਨੁਮਾਇੰਦਿਆਂ ਵੱਲੋਂ ਉਹਨਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਇਸ ਇਮਾਰਤ ਨੂੰ ਤੁਰੰਤ ਮੁਰੰਮਤ ਦੀ ਲੋੜ ਹੈ ਜਿਸ ਦੇ ਚਲਦਿਆਂ ਅੱਜ ਇਸ ਸੁਸਾਇਟੀ ਨੂੰ 10 ਲੱਖ ਰੁਪਏ ਦਾ ਚੈੱਕ ਭੇਟ ਕੀਤਾ ਗਿਆ ਹੈ। ਇਸ ਇਮਾਰਤ ਦੀ ਖਸਤਾ ਹਾਲਤ ਦੇ ਚਲਦਿਆਂ ਇਸ ਦਾ ਖਰਾਬ ਮੌਸਮ ਦੌਰਾਨ ਡਿੱਗਣ ਦਾ ਖਤਰਾ ਬਣਿਆ ਹੋਇਆ ਸੀ, ਸਪੀਕਰ ਸੰਧਵਾਂ ਨੇ ਬਿਨਾਂ ਸਮਾਂ ਗਵਾਏ ਇਸ ਵੱਲ ਧਿਆਨ ਦਿੱਤਾ। ਉਹਨਾਂ ਸਪੀਕਰ ਸੰਧਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਧਨ ਰਾਸ਼ੀ ਨਾਲ ਭਰਤ ਪਾ ਕੇ ਇਸ ਪੁਰਾਣੀ ਇਮਾਰਤ ਨੂੰ ਮੁਕੰਮਲ ਤੌਰ ਤੇ ਠੀਕ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸ ਸੁਸਾਇਟੀ ਦੇ 1200 ਮੈਂਬਰ ਹਨ, ਜਿਨ੍ਹਾਂ ਨੂੰ ਖਾਦ, ਖੇਤੀਬਾੜੀ ਸੰਦ, ਕਿਸਾਨ ਕ੍ਰੈਡਿਟ ਕਾਰਡ, ਲੋਨ ਅਤੇ ਡੀਜ਼ਲ ਦੀਆਂ ਪਰਚੀਆਂ ਵਗੈਰਾ ਦੀ ਸਹੂਲਤ ਮੁਹਈਆ ਕਰਵਾਈ ਜਾਂਦੀ ਹੈ। ਇਸ ਮੌਕੇ ਸੰਦੀਪ ਸਿੰਘ ਬਰਾੜ, ਹਰਵਿੰਦਰ ਸਿੰਘ, ਸੁਖਦੇਵ ਸਿੰਘ, ਜਗਜੀਤ ਸਿੰਘ, ਰਾਜਵਿੰਦਰ ਸਿੰਘ, ਬਾਬੂ ਰਾਮ, ਨਿਰਮਲ ਸਿੰਘ, ਜਸਵੀਰ ਸਿੰਘ ਤੋਂ ਇਲਾਵਾ ਸੁਸਾਇਟੀ ਦੇ ਹੋਰ ਮੈਂਬਰ ਵੀ ਹਾਜ਼ਰ ਸਨ।

# ਸਿੱਖ ਇਤਿਹਾਸ ਦਾ ਸੁਨਹਿਰੀ ਪੰਨਾ: ਜੈਤੋ ਦਾ ਮੋਰਚਾ

## 21 ਫਰਵਰੀ ਪਹਿਲੀ ਸ਼ਤਾਬਦੀ 'ਤੇ ਵਿਸ਼ੇਸ਼



ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ

ਜੈਤੋ ਦੇ ਮੋਰਚੇ ਨੂੰ ਭਾਰਤੀ ਆਜ਼ਾਦੀ ਦੀ ਪਹਿਲੀ ਲੜਾਈ ਵਜੋਂ ਵੀ ਯਾਦ ਕੀਤਾ ਜਾਂਦਾ ਹੈ। ਸਿੱਖ ਇਤਿਹਾਸ ਦਾ ਇਹ ਸ਼ਾਂਤਮਈ ਮੋਰਚਾ ਸਾਰੇ ਸਿੱਖ ਮੋਰਚਿਆਂ ਤੋਂ ਲੰਮਾਂ ਸਮਾਂ (ਪੌਣੇ ਦੋ ਸਾਲ ਤੋਂ ਵੀ ਵੱਧ) ਜਾਰੀ ਰਿਹਾ ਅਤੇ ਇਸ ਮੋਰਚੇ ਦੀ ਸਭ ਤੋਂ ਵੱਡੀ ਪ੍ਰਾਪਤੀ ਇਹ ਰਹੀ ਕਿ ਉਸ ਵੇਲੇ ਦੀ ਅੰਗਰੇਜ਼ੀ ਹਕੂਮਤ ਨੂੰ 'ਗੁਰਦੁਆਰਾ ਐਕਟ' ਬਣਾਉਣ ਲਈ ਮਜ਼ਬੂਰ ਹੋਣਾ ਪਿਆ। ਇਸ ਗੁਰਦੁਆਰਾ ਐਕਟ ਦੇ ਅਧੀਨ ਹੀ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੌਜੂਦਾ ਸਰੂਪ ਹੋਂਦ ਵਿਚ ਆਇਆ ਅਤੇ ਇਹ ਕਮੇਟੀ ਅੱਜ ਸਿੱਖ ਜਗਤ ਦੀ ਸਭ ਤੋਂ ਵੱਡੀ ਅਤੇ ਅਹਿਮ ਸੰਸਥਾ ਹੈ ਜੋ ਸਿੱਖ ਪਾਰਲੀਮੈਂਟ ਵਜੋਂ ਜਾਣੀ ਜਾਂਦੀ ਹੈ।

ਇਸ ਮੋਰਚੇ ਦਾ ਆਰੰਭ 8 ਜੂਨ 1923 ਨੂੰ ਉਸ ਵੇਲੇ ਹੋਇਆ ਜਦੋਂ ਅੰਗਰੇਜ਼ੀ ਹਕੂਮਤ ਨੇ ਨਾਭਾ ਰਿਆਸਤ ਦੇ ਮਹਾਰਾਜਾ ਰਿਪੁਦਮਨ ਸਿੰਘ ਨੂੰ ਗੱਦੀ ਤੋਂ ਜਬਰੀ ਲਾਹ ਕੇ ਰਿਆਸਤ ਵਿੱਚੋਂ ਕੱਢ ਦਿੱਤਾ। ਇਸ ਘਟਨਾ ਵਿਰੁੱਧ ਸਾਰੇ ਸਿੱਖ ਜਗਤ ਵਿਚ ਰੋਸ ਦੀ ਲਹਿਰ ਫੈਲਣੀ ਕੁਦਰਤੀ ਸੀ ਕਿਉਂਕਿ ਮਹਾਰਾਜਾ ਨਾਭਾ ਸਿੱਖਾਂ ਵਿਚ ਬਹੁਤ ਹਰਮਨ ਪਿਆਰੇ ਹੋ ਚੁੱਕੇ ਸਨ। ਸਿੱਖਾਂ ਵੱਲੋਂ ਉਨ੍ਹਾਂ ਦੀ ਬਰਤਰਫੀ ਦਾ ਵਿਰੋਧ ਕੀਤਾ ਜਾਣ ਲੱਗਿਆ। ਅੰਗਰੇਜ਼ੀ ਹਕੂਮਤ ਦੀ ਇਸ ਕਾਰਵਾਈ ਦਾ ਵਿਰੁੱਧ ਰੋਸ ਪ੍ਰਗਟ ਕਰਨ ਲਈ 5 ਅਗਸਤ 1923 ਨੂੰ ਅੰਮ੍ਰਿਤਸਰ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਬੈਠਕ ਹੋਈ ਜਿਸ ਵਿਚ ਮਹਾਰਾਜਾ ਰਿਪੁਦਮਨ ਸਿੰਘ ਪ੍ਰਤੀ ਹਮਦਰਦੀ ਦਾ ਮਤਾ ਪਾਸ ਕੀਤਾ ਗਿਆ ਅਤੇ 9 ਸਤੰਬਰ ਨੂੰ ਮਹਾਰਾਜਾ ਦੇ ਹੱਕ ਵਿਚ ਨਾਭਾ ਦਿਵਸ ਮਨਾਉਣ ਦਾ ਐਲਾਨ ਕਰ ਦਿੱਤਾ ਗਿਆ। ਅੰਗਰੇਜ਼ੀ ਹਕੂਮਤ ਵੱਲੋਂ ਮਹਾਰਾਜਾ ਰਿਪੁਦਮਨ ਦੇ ਸਬੰਧ ਵਿਚ ਕੋਈ ਵੀ ਮਤਾ ਪਾਸ ਕਰਨ ਦੀ ਆਗਿਆ ਨਾ ਹੋਣ ਦੇ ਬਾਵਜੂਦ ਸਿੱਖ ਸੰਗਤਾਂ ਵੱਲੋਂ 9 ਸਤੰਬਰ ਨੂੰ ਪੰਜਾਬ ਭਰ ਵਿਚ ਥਾਂ-ਥਾਂ ਮੁਜ਼ਾਹਰੇ ਕੀਤੇ ਗਏ ਅਤੇ ਮਹਾਰਾਜਾ ਦੀ ਬਹਾਲੀ ਦੇ ਮਤੇ ਪਾਸ ਕੀਤੇ ਗਏ। ਜੈਤੋ ਮੰਡੀ ਵਿਚ ਵੀ ਅਜਿਹਾ ਮੁਜ਼ਾਹਰਾ ਕਰਨ ਉਪਰੰਤ ਗੁਰਦੁਆਰਾ ਗੰਗਸਰ ਸਾਹਿਬ ਵਿਖੇ ਦੀਵਾਨ ਸਜਾਇਆ ਗਿਆ ਅਤੇ ਅਖੰਡ ਪਾਠਾਂ ਦੀ ਲੜੀ ਆਰੰਭ ਕੀਤੀ ਗਈ।

ਸਿੱਖਾਂ ਦੇ ਇਸ ਰੋਸ ਤੋਂ ਅੰਗਰੇਜ਼ੀ ਹਕੂਮਤ ਬੇਹੱਦ ਖਫ਼ਾ ਹੋਈ। ਜੈਤੋ ਵਿਖੇ ਅਖੰਡ ਪਾਠਾਂ ਦੀ ਲੜੀ ਨੂੰ ਹਕੂਮਤ ਨੇ ਵੱਡੀ ਬਗਾਵਤ ਵਜੋਂ ਲਿਆ ਅਤੇ 14 ਸਤੰਬਰ ਨੂੰ ਜਦੋਂ ਗੁਰਦੁਆਰਾ ਗੰਗਸਰ ਸਾਹਿਬ ਜੈਤੋ ਵਿਚ ਦੀਵਾਨ ਸਜਿਆ ਹੋਇਆ ਸੀ ਅਤੇ ਸ੍ਰੀ ਗੁਰੂ ਗਰੰਥ ਸਾਹਿਬ ਦਾ ਅਖੰਡ ਪਾਠ ਚੱਲ ਰਿਹਾ ਸੀ ਤਾਂ ਅੰਗਰੇਜ਼ੀ ਹਕੂਮਤ ਦੇ ਹਥਿਆਰਬੰਦ ਸਿਪਾਹੀਆਂ ਨੇ ਗੁਰਦੁਆਰੇ ਅੰਦਰ ਦਾਖਲ ਹੋ ਕੇ ਉਥੇ ਇਕੱਤਰ ਹੋਏ ਲੋਕਾਂ ਅਤੇ ਸੇਵਾਦਾਰਾਂ ਨੂੰ ਗ੍ਰਿਫਤਾਰ ਕਰ ਲਿਆ ਅਤੇ ਪਾਠ ਕਰ ਰਹੇ ਗ੍ਰੰਥੀ ਸਿੰਘ ਨੂੰ ਬਾਹਰ ਖਿੱਚ ਲਿਆਂਦਾ। ਇਸ ਤਰ੍ਹਾਂ ਅਖੰਡ ਪਾਠ ਨੂੰ ਖੰਡਿਤ ਕਰ ਦਿੱਤਾ ਗਿਆ।

ਅਖੰਡ ਪਾਠ ਦਾ ਖੰਡਿਤ ਕੀਤਾ ਜਾਣਾ ਸਿੱਖਾਂ ਸਰਯਾਦਾ ਦੀ ਘੋਰ ਉਲੰਘਣਾ ਸੀ ਅਤੇ ਇਸ ਘਟਨਾ ਨੇ ਮਹਾਰਾਜਾ ਦੇ ਰਾਜਸੀ ਸਵਾਲ ਨੂੰ ਧਾਰਮਿਕ ਸਵਾਲ ਬਣਾ ਦਿੱਤਾ। ਇਸ ਤਰ੍ਹਾਂ ਨਾਲ ਜੈਤੋ ਮੋਰਚੇ ਦਾ ਆਰੰਭ ਹੋਇਆ ਜਿਸ ਦਾ ਮੁੱਖ ਨਿਸ਼ਾਨਾ ਖੰਡਿਤ ਅਖੰਡ ਪਾਠ ਨੂੰ ਮੁੜ ਅਖੰਡਿਤ ਰੂਪ ਵਿਚ ਚਾਲੂ ਕਰਨਾ ਸੀ। ਸਿੱਖਾਂ ਦੀ ਧਾਰਮਿਕ ਜੱਥੇਬੰਦੀ ਨੇ ਇਸ ਮੋਰਚੇ ਦੀ ਕਮਾਨ ਸੰਭਾਲਦਿਆਂ ਅੰਮ੍ਰਿਤਸਰ ਤੋਂ ਹਰ ਰੋਜ਼ 25-25 ਸਿੰਘਾਂ ਦੇ ਜੱਥੇ ਜੈਤੋ ਵੱਲ ਭੇਜਣੇ ਆਰੰਭ ਕਰ ਦਿੱਤੇ। 25 ਸਿੰਘਾਂ ਦਾ ਇਕ ਜੱਥਾ ਹਰ ਰੋਜ਼ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਤੋਂ ਚੱਲ ਕੇ ਜਦੋਂ ਜੈਤੋ ਪਹੁੰਚਦਾ ਤਾਂ ਹਕੂਮਤ ਵੱਲੋਂ ਇਨ੍ਹਾਂ ਸਿੰਘਾਂ ਨੂੰ ਗ੍ਰਿਫਤਾਰ ਕਰਕੇ ਜੰਗਲਾਂ ਵਿਚ ਲਿਜਾ ਕੇ ਛੱਡ ਦਿੱਤਾ ਜਾਂਦਾ। ਇਸ ਮੋਰਚੇ ਦੀ ਚਰਚਾ ਪੰਜਾਬ ਤੋਂ ਬਾਹਰ ਵੀ ਹੋਣ ਲੱਗੀ। ਦਿੱਲੀ ਵਿਚ ਹੋਏ ਇੰਡੀਅਨ ਨੈਸ਼ਨਲ ਕਾਂਗਰਸ ਦੇ ਇਕ ਸਮਾਗਮ ਵਿਚ ਮਹਾਰਾਜਾ ਨਾਭਾ ਨੂੰ ਗੱਦੀਓਂ ਲਾਹੇ ਜਾਣ ਬਾਰੇ ਅਤੇ ਜੈਤੋ ਦੇ ਧਾਰਮਿਕ ਮੋਰਚੇ ਬਾਰੇ ਕਾਂਗਰਸ ਵੱਲੋਂ ਹਮਦਰਦੀ ਪ੍ਰਗਟ ਕੀਤੀ ਗਈ। ਕਾਂਗਰਸ ਵੱਲੋਂ ਪੰਡਿਤ ਜਵਾਹਰ ਲਾਲ ਨਹਿਰੂ, ਪਿੰਸੀਪਲ ਗਿਡਵਾਨੀ ਅਤੇ ਮਿਸਟਰ ਕੇ. ਸਨਾਤਮ ਸਾਰੀ ਸਥਿਤੀ ਦਾ ਜਾਇਜ਼ਾ ਲੈਣ ਲਈ ਜੈਤੋ ਮੰਡੀ ਭੇਜਿਆ ਗਿਆ। ਇਨ੍ਹਾਂ ਤਿੰਨਾਂ ਆਗੂਆਂ ਨੂੰ ਜੈਤੋ ਪੁੱਜਣ ਤੇ ਹੀ ਗ੍ਰਿਫਤਾਰ ਕਰ ਲਿਆ ਗਿਆ ਅਤੇ ਇਕ ਰਾਤ ਜੈਤੋ ਕਿਲੇ ਦੀ ਇਕ ਕੋਠੜੀ ਵਿਚ ਬੰਦ ਕਰਨ ਉਪਰੰਤ ਅਗਲੇ ਦਿਨ ਨਾਭਾ ਜੇਲ੍ਹ ਵਿਚ ਭੇਜ ਦਿੱਤਾ। 29 ਸਤੰਬਰ, 1923 ਨੂੰ ਸ਼੍ਰੋਮਣੀ ਗੁਰਦੁਆਰਾ ਕਮੇਟੀ ਵੱਲੋਂ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿਚ ਹਕੂਮਤ ਦੀ ਦਖਲਅੰਦਾਜ਼ੀ ਨਾ ਸਹਿਣ ਕਰਨ ਦਾ ਮਤਾ ਪਾਸ ਕੀਤਾ ਗਿਆ ਅਤੇ ਹਰ ਰੋਜ਼ 25-25 ਸਿੰਘਾਂ ਦੇ ਜੱਥੇ ਭੇਜਣ ਨਾਲ ਕੋਈ ਤਸੱਲੀਬਖਸ਼ ਸਿੱਟਾ ਨਿਕਲਦਾ ਨਾ ਵੇਖ ਕੇ ਇਸ ਨੂੰ ਹੋਰ ਤੇਜ਼ ਕਰਨ ਦਾ ਫੈਸਲਾ ਕੀਤਾ ਗਿਆ ਜਿਸ ਤਹਿਤ 500-500 ਸਿੰਘਾਂ ਦਾ ਜੱਥੇ ਭੇਜਣ ਦਾ ਫੈਸਲਾ ਕੀਤਾ ਗਿਆ। 500 ਸਿੰਘਾਂ ਦੇ ਪਹਿਲੇ ਜੱਥੇ ਨੂੰ 21 ਫਰਵਰੀ, 1924 ਨੂੰ ਜੈਤੋ ਪੁੱਜ ਕੇ ਗੁਰਦੁਆਰਾ ਗੰਗਸਰ ਸਾਹਿਬ ਨੂੰ ਕਬਜ਼ੇ ਵਿਚ ਲੈਣ ਅਤੇ ਅਖੰਡ ਪਾਠ ਸ਼ੁਰੂ ਕਰਨ ਦਾ ਆਦੇਸ਼ ਦਿੱਤਾ ਗਿਆ।

ਇਹ ਵਿਸ਼ਾਲ ਜੱਥਾ ਨਾਭਾ, ਪਟਿਆਲਾ, ਫਰੀਦਕੋਟ ਅਤੇ ਸੰਗਰੂਰ ਰਾਜਾਂ ਦੇ ਪਿੰਡਾਂ ਵਿਚ ਪੜਾਅ ਤੈਅ ਕਰਦਾ ਹੋਇਆ 20 ਫਰਵਰੀ ਨੂੰ ਫਰੀਦਕੋਟ ਜ਼ਿਲ੍ਹੇ ਦੇ ਪਿੰਡ ਬਰਗਾੜੀ ਵਿਖੇ ਪੁੱਜਿਆ। 21 ਫਰਵਰੀ ਨੂੰ ਸਵੇਰੇ ਕੀਰਤਨ ਕਰਨ ਉਪਰੰਤ ਇਹ ਜੱਥਾ ਜੈਤੋ ਵੱਲ ਕੂਚ ਕਰਨ ਲੱਗਿਆ। ਜੱਥੇ ਦੇ 500 ਸਿੰਘਾਂ ਤੋਂ ਇਲਾਵਾ ਹਜਾਰਾਂ ਦੀ ਗਿਣਤੀ ਵਿਚ ਸੰਗਤ ਵੀ ਸ਼ਰਧਾਵੱਸ ਜੱਥੇ ਦੇ ਨਾਲ ਚੱਲ ਰਹੀ ਸੀ ਅਤੇ ਵੱਡੀ ਗਿਣਤੀ ਵਿਚ ਦਰਸ਼ਕ ਵੀ ਸਨ ਜਿਨ੍ਹਾਂ ਵਿਚ ਬੀਬੀਆਂ ਵੀ ਸ਼ਾਮਿਲ ਸਨ। ਕਾਂਗਰਸੀ ਨੇਤਾ ਡਾਕਟਰ ਕਿਚਲੂ, ਪਿੰਸੀਪਲ ਗਿਡਵਾਨੀ ਅਤੇ ਨਿਊਯਾਰਕ ਟਾਈਮਜ਼ ਦੇ ਪ੍ਰਤੀਨਿਧ ਮਿਸਟਰ ਜ਼ਿੰਮਦ ਕਾਰ ਵਿਚ ਸਵਾਰ ਹੋ ਕੇ ਜੱਥੇ ਦੇ ਨਾਲ-ਨਾਲ ਚੱਲ ਰਹੇ ਸਨ ਪਰ ਇਨ੍ਹਾਂ ਨੇਤਾਵਾਂ ਨੂੰ ਨਾਭਾ ਰਿਆਸਤ ਦੀ ਹੱਦ ਤੋਂ ਅੱਗੇ ਨਹੀਂ ਜਾਣ ਦਿੱਤਾ ਗਿਆ।

ਜੱਥੇ ਦੇ ਅੱਗੇ ਪੰਜ ਸਿੰਘ ਨਿਸ਼ਾਨ ਸਾਹਿਬ ਲੈ ਕੇ ਚੱਲ ਰਹੇ ਸਨ ਅਤੇ ਵਿਚਾਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਾਲਕੀ ਸੀ। ਅੰਗਰੇਜ਼ੀ ਹਕੂਮਤ ਵੱਲੋਂ ਜੱਥੇ ਨੂੰ ਗੁਰਦੁਆਰਾ ਟਿੱਬੀ ਸਾਹਿਬ ਤੋਂ 150 ਗਜ਼ ਕੁ ਦੀ ਵਿੱਥ 'ਤੇ ਰੋਕਿਆ ਅਤੇ ਚਿਤਾਵਨੀ ਦਿੱਤੀ ਕਿ ਜੇਕਰ ਅਗਾਂਹ ਵਧੇ ਤਾਂ ਗੋਲੀ ਚਲਾ ਦਿੱਤੀ ਜਾਵੇਗੀ। ਪਰ ਜੱਥਾ ਸਭ ਕੁੱਝ ਅਣਸੁਣਿਆ ਕਰਕੇ ਸ਼ਾਂਤਮਈ ਅੱਗੇ ਵਧਦਾ ਰਿਹਾ ਜਿਸ 'ਤੇ ਵਿਲਸਨ ਜਾਨਸਟਨ ਨੇ ਪੁਲਿਸ ਨੂੰ ਗੋਲੀ ਚਲਾਉਣ ਦਾ ਹੁਕਮ ਦੇ ਦਿੱਤਾ ਅਤੇ ਸੈਂਕੜੇ ਸਿੰਘਾਂ ਨੂੰ ਸ਼ਹੀਦ ਕਰ ਦਿੱਤਾ ਗਿਆ (ਸ਼ਰੋਮਣੀ ਕਮੇਟੀ ਅਨੁਸਾਰ ਇਸ ਘਟਨਾ ਵਿਚ 300 ਸਿੰਘ ਗੋਲੀ ਦਾ ਸ਼ਿਕਾਰ ਹੋਏ ਜਿਨ੍ਹਾਂ ਵਿਚੋਂ 100 ਸਿੰਘ ਸ਼ਹਾਦਤ ਹਾਸਲ ਕਰ ਗਏ)। ਇਸ ਘਟਨਾ ਨੇ ਸਿੱਖਾਂ ਅੰਦਰ ਨਵਾਂ ਜੋਸ਼ ਭਰ ਦਿੱਤਾ ਅਤੇ ਉਨ੍ਹਾਂ ਵਿਚ ਇਸ ਮੋਰਚੇ ਵਿਚ ਸ਼ਹਾਦਤ ਪਾਉਣ ਦਾ ਚਾਅ ਠਾਠਾਂ ਮਾਰਨ ਲੱਗਾ। ਲੋਕ ਸ਼ਹੀਦੀ ਜੱਥਿਆਂ ਵਿਚ ਵਧ ਚੜ੍ਹ ਕੇ ਸ਼ਾਮਲ ਹੋਣ ਲੱਗੇ। ਪਹਿਲੇ ਸ਼ਹੀਦੀ ਜਥੇ 'ਤੇ ਗੋਲੀ ਚਲਾਏ ਜਾਣ ਦੇ ਬਾਵਜੂਦ ਸਿੱਖਾਂ ਦੇ ਹੌਂਸਲੇ ਨਾ ਸਿਰਫ਼ ਬਾ-ਦਸਤੂਰ ਕਾਇਮ ਰਹੇ, ਸਗੋਂ ਸਿੱਖਾਂ ਵਿਚ ਰੋਹ ਤੇ ਜੋਸ਼ ਦਾ ਵਾਧਾ ਹੋਇਆ ਦੂਜਾ 500 ਸਿੰਘਾਂ ਦਾ ਜਥਾ ਅਕਾਲ ਤਖ਼ਤ ਸਾਹਿਬ ਤੋਂ 28 ਫ਼ਰਵਰੀ, 1924 ਨੂੰ ਰਵਾਨਾ ਹੋਇਆ। ਤੀਜਾ ਜੱਥਾ 22 ਮਾਰਚ 1924 ਨੂੰ ਅਕਾਲ ਤਖ਼ਤ ਸਾਹਿਬ ਤੋਂ ਚੱਲ ਕੇ 7 ਅਪਰੈਲ, 1924 ਨੂੰ ਜੈਤੋ ਪਹੁੰਚਿਆ ਜਿਥੇ ਫ਼ੌਜ ਅਤੇ ਪੁਲਿਸ ਵਲੋਂ ਇਨ੍ਹਾਂ ਸਿੰਘਾਂ ਨੂੰ ਹੱਥਕੜੀਆਂ ਲਾ ਕੇ ਅਤੇ ਰੱਸਿਆਂ ਨਾਲ ਜਕੜ ਕੇ ਜੈਤੋ ਕਿਲ੍ਹੇ ਅੰਦਰ ਡੱਕ ਦਿਤਾ ਗਿਆ ਅਤੇ ਮਗਰੋਂ ਨਾਭਾ ਬੀੜ ਜੇਲ੍ਹ ਵਿੱਚ ਭੇਜ ਦਿੱਤੇ ਗਏ। ਪੰਜਵਾਂ ਸ਼ਹੀਦੀ ਜੱਥਾ ਲਾਇਲਪੁਰ ਤੋਂ 12 ਅਪਰੈਲ, 1924 ਨੂੰ ਪੈਦਲ ਰਵਾਨਾ ਹੋਇਆ ਤੇ ਅਕਾਲ ਤਖ਼ਤ ਉੱਤੇ ਹਾਜ਼ਰ ਹੋਣ ਮਗਰੋਂ ਜੈਤੋ ਵੱਲ ਚੱਲ ਪਿਆ। 29 ਜੂਨ, 1924 ਨੂੰ ਬੰਗਾਲ ਦੇ 100 ਸਿੰਘਾਂ ਦਾ ਜਥਾ ਕਲਕੱਤੇ ਤੋਂ ਚੱਲਿਆ। ਕੈਨੇਡਾ ਤੋਂ 11 ਸਿੱਖਾਂ ਦਾ ਜਥਾ 17 ਜੁਲਾਈ 1924 ਨੂੰ ਚੱਲ ਕੇ ਸਮੁੰਦਰੀ ਜਹਾਜ਼ ਰਾਹੀਂ 14 ਸਤੰਬਰ ਨੂੰ ਕਲਕੱਤੇ ਪੁੱਜਿਆ ਅਤੇ 28 ਸਤੰਬਰ ਨੂੰ ਅੰਮ੍ਰਿਤਸਰ ਪਹੁੰਚਿਆ ਅਤੇ 2 ਜਨਵਰੀ, 1925 ਨੂੰ ਜੈਤੋ ਵੱਲ ਚੱਲ ਪਿਆ।

ਸਿੱਖ ਜਗਤ ਦੇ ਰੋਸ ਅਤੇ ਰੋਹ ਅੱਗੇ ਅੰਤ ਅੰਗਰੇਜ਼ੀ ਹਕੂਮਤ ਨੂੰ ਝੁਕਣਾ ਪਿਆ। ਹਕੂਮਤ ਵੱਲੋਂ ਜੈਤੋ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਕਰਨ 'ਤੇ ਲਾਈ ਪਾਬੰਦੀ 21 ਜੁਲਾਈ 1925 ਨੂੰ ਵਾਪਸ ਲੈ ਲਈ ਗਈ। ਇਸ ਇਤਿਹਾਸਕ ਮੋਰਚੇ ਨੂੰ ਸਫਲਤਾ ਮਿਲਣ ਉਪਰੰਤ ਸਿੱਖ ਸੰਗਤ ਨੇ ਗੁਰਦੁਆਰਾ ਗੰਗਸਰ ਸਾਹਿਬ ਜੈਤੋ ਵਿਖੇ ਮੁੜ ਅਖੰਡ ਪਾਠ ਸ਼ੁਰੂ ਕਰਕੇ ਭੋਗ ਪਾਏ ਗਏ। ਸ਼ਹੀਦੀ ਜੱਥੇ ਉਪਰ ਜਿਸ ਸਥਾਨ ਤੇ ਗੋਲੀ ਚਲਾਈ ਗਈ ਸੀ ਉਸ ਜਗ੍ਹਾ ਉੱਪਰ ਗੁਰਦੁਆਰਾ ਟਿੱਬੀ ਸਾਹਿਬ ਉਸਾਰਿਆ ਗਿਆ ਹੈ ਅਤੇ ਇਸ ਗੁਰਦੁਆਰਾ ਸਾਹਿਬ ਵਿਖੇ ਹਰ ਸਾਲ ਅਖੰਡ ਪਾਠਾਂ ਦੀ ਇਕੋਤਰੀ ਚਲਾਈ ਜਾਂਦੀ ਹੈ ਅਤੇ 21 ਫਰਵਰੀ ਨੂੰ ਸ਼ਹੀਦੀ ਜੋੜ ਮੇਲਾ ਮਨਾਇਆ ਜਾਂਦਾ ਹੈ ਜਿਸ ਵਿਚ ਸ਼ਾਮਲ ਹੋ ਕੇ ਸੰਗਤਾਂ ਸ਼ਹੀਦਾਂ ਨੂੰ ਨਤਮਸਤਕ ਹੁੰਦੀਆਂ ਹਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਵਾਰ ਜੈਤੋ ਮੋਰਚੇ ਦੀ ਪਹਿਲੀ ਸ਼ਤਾਬਦੀ 21 ਫਰਵਰੀ ਨੂੰ ਮਨਾਈ ਜਾ ਰਹੀ ਹੈ, ਜਿਸ ਤਹਿਤ 19 ਫ਼ਰਵਰੀ ਨੂੰ ਗੁਰਦੁਆਰਾ ਸ੍ਰੀ ਗੰਗਸਰ ਜੈਤੋ ਵਿਖੇ ਅਖੰਡ ਪਾਠ ਆਰੰਭ ਹੋਣਗੇ, ਉਪਰੰਤ ਨਗਰ ਕੀਰਤਨ (ਸ਼ਹੀਦੀ ਮਾਰਚ) ਸਜਾਇਆ ਜਾਵੇਗਾ। 20 ਫ਼ਰਵਰੀ ਨੂੰ ਵੱਖ-ਵੱਖ ਗੁਰਮਤਿ ਮਿਸ਼ਨਰੀ ਕਾਲਜਾਂ ਦੇ ਵਿਦਿਆਰਥੀ ਤੰਤੀ ਸਾਜ਼ਾਂ ਨਾਲ ਗੁਰਬਾਣੀ ਕੀਰਤਨ ਕਰਨਗੇ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਲੈਕਚਰ, ਕਵਿਤਾ ਤੇ ਕਵੀਸ਼ਰੀ, ਵਾਰਾਂ ਰਾਹੀਂ ਇਤਿਹਾਸ ਨੂੰ ਬਿਆਨ ਕੀਤਾ ਜਾਵੇਗਾ। 20 ਫ਼ਰਵਰੀ ਨੂੰ ਜੈਤੋ ਮੋਰਚੇ ਦੇ ਇਤਿਹਾਸ ਬਾਰੇ ਤਿਆਰ ਕੀਤੀ ਗਈ ਦਸਤਾਵੇਜ਼ੀ ਵੀ ਵਿਖਾਈ ਜਾਵੇਗੀ। 21 ਫ਼ਰਵਰੀ ਨੂੰ ਸ਼ਤਾਬਦੀ ਦੇ ਮੁੱਖ ਸਮਾਗਮ ਵਿਚ ਪੰਥ ਪ੍ਰਸਿੱਧ ਕਥਾਵਾਚਕ, ਰਾਗੀ, ਢਾਡੀ ਤੇ ਕਵੀਸ਼ਰ ਜਥੇ ਸ਼ਾਮਲ ਹੋਣਗੇ। ਸਮਾਗਮ ਵਿਚ ਸਿੰਘ ਸਾਹਿਬਾਨ, ਤਖ਼ਤਾਂ ਦੇ ਜਥੇਦਾਰ ਤੇ ਸਿੱਖ ਆਗੂ ਸੰਗਤ ਨਾਲ ਵਿਚਾਰਾਂ ਦੀ ਸਾਂਝ ਪਾਉਣਗੇ।

# ਸਾਈਬਰ ਸੁਰੱਖਿਆ

ਵਰਲਡ ਪੰਜਾਬੀ ਟਾਈਮਜ਼
ਨੀਰਜ ਯਾਦਵ

ਅਜੋਕੀ ਭੱਜ ਦੌੜ ਭਰੀ ਜ਼ਿੰਦਗੀ ਵਿੱਚ ਇਲੈਕਟਰੋਨਿਕਸ ਨੇ ਮਨੁੱਖੀ ਜੀਵਨ ਵਿੱਚ ਆਪਣੀ ਇੱਕ ਅਹਿਮ ਭੂਮਿਕਾ ਬਣਾ ਲਈ ਹੈ ਜਿਸ ਦਾ ਦਾਇਰਾ ਬਹੁਤ ਵਿਸ਼ਾਲ ਹੈ ਹਰ ਇਨਸਾਨ ਦੀ ਸ਼ੁਰੂਆਤ ਅੱਜ ਵਟਸਐਪ ਦੇ ਮੈਸੇਜ ਸਟੇਟਸ ਜਾਂ ਹੋਰ ਸੋਸ਼ਲ ਮੀਡੀਆ ਐਪ ਤੋਂ ਹੁੰਦੀ ਹੈ ਇਸੇ ਤਰ੍ਹਾਂ ਦਿਨ ਦਾ ਅੰਤ ਵੀ ਇਸ ਵਰਚੁਅਲ ਦੁਨੀਆਂ ਵਿੱਚ ਹੀ ਹੁੰਦਾ ਹੈ ਅਸੀਂ ਆਪਣੀਆਂ ਰੋਜਾਨਾ ਗਤੀਵਿਧੀਆਂ ਵੱਲ ਜੇਕਰ ਧਿਆਨ ਦਈਏ ਤਾਂ ਸਾਨੂੰ ਇਹ ਅਹਿਸਾਸ ਹੋਵੇਗਾ ਕਿ ਅਸੀਂ ਆਪਣਾ ਜਿਆਦਾਤਰ ਸਮਾਂ ਉਸ ਵਰਚੁਅਲ ਦੁਨੀਆਂ ਵਿੱਚ ਬਿਤਾ ਰਹੇ ਹਾਂ ਖਾਸ ਵਜੂਦ ਨਹੀਂ ਹੈ ਆਨਲਾਈਨ ਸੇਵਾਵਾਂ ਸ਼ਾਇਦ ਇਨੀਆਂ ਅਹਿਮ ਹਨ ਕਿ ਇਹਨਾਂ ਤੋਂ ਬਗੈਰ ਇਨਸਾਨ ਆਪਣੇ ਆਪ ਨੂੰ ਹੈਂਡੀਕੈਪਡ ਮਹਿਸੂਸ ਕਰਦਾ ਹੈ ਜਿੱਥੇ ਸਵੇਰ ਤੋਂ ਰਾਤ ਤੱਕ ਇਹ ਸਾਈਬਰ ਵਰਲਡ ਆਪਣੀ ਹੋਂਦ ਬਣਾਈ ਰੱਖਦਾ ਹੈ ਇੱਕ ਜਿੰਮੇਵਾਰ ਨਾਗਰਿਕ ਹੋਣ ਦੇ ਨਾਤੇ ਇਸ ਸਾਈਬਰ ਦੁਨੀਆਂ ਦੇ ਫਾਇਦਿਆਂ ਦੇ ਨਾਲ ਨਾਲ ਸਾਨੂੰ ਇਸ ਦੇ ਨੁਕਸਾਨ ਬਾਰੇ ਵੀ ਜਾਣੂ ਹੋਣਾ ਸਮੇਂ ਦੀ ਜਰੂਰਤ ਹੈ। ਸਾਈਬਰ ਸਪੇਸ ਨੇ ਸਾਡੀਆਂ ਕਾਫੀ ਮੁਸ਼ਕਿਲਾਂ ਹੱਲ ਕਰਕੇ ਜ਼ਿੰਦਗੀ ਸੁਖਾਲੀ ਬਣਾਈ ਹੈ ਤਕਨੀਕੀਕਰਨ ਨੇ ਦੁਨੀਆ ਦੇ ਹਰ ਖੇਤਰ ਵਿੱਚ ਆਪਣੀ ਛਾਪ ਛੱਡੀ ਹੈ ਪਹਿਲਾਂ ਘਰ ਬਹੁਤ ਸਾਦੇ ਢੰਗ ਨਾਲ ਬਣਾਏ ਜਾਂਦੇ ਸਨ ਪਰੰਤੂ ਹੁਣ ਹੋਮ ਆਟੋਮੇਸ਼ਨ ਦਾ ਪ੍ਰਚਲਨ ਹੈ। ਹੋਮ ਆਟੋਮੇਸ਼ਨ ਤੋਂ ਭਾਵ ਮਾਡਰਨ ਤਕਨੀਕ ਨਾਲ ਲੈਸ ਸੇਵਾਵਾਂ ਅਤੇ ਕੁਸ਼ਲ ਡਿਜ਼ਾਇਨ ਯੁਕਤ ਘਰਾਂ ਦੀ ਬਣਤਰ ਤੋਂ ਹੈ ਅਸੀਂ ਆਪਣੇ ਘਰ ਦੇ ਪੱਖੇ ਟਿਊਬਾਂ ਏਸੀ ਫਰਿਜ ਮਿਊਜਿਕ ਸਿਸਟਮ ਕੈਮਰੇ ਆਦਿ ਸਭ ਇੱਕ ਹੀ ਨੈਟਵਰਕ ਰਾਹੀਂ ਆਪਰੇਟ ਕਰ ਸਕਦੇ ਹਾਂ। ਇਥੋਂ ਤੱਕ ਘਰ ਦਾ ਮੇਨ ਦਰਵਾਜ਼ਾ ਵੀ ਅਸੀਂ ਇੱਕ ਰਿਮੋਟ ਦੀ ਮਦਦ ਨਾਲ ਓਪਨ ਅਤੇ ਕਲੋਜ ਕਰ ਸਕਦੇ ਹਾਂ ਬਹੁਤ ਸਾਰੇ ਫਾਇਦੇ ਹੋਣ ਦੇ ਨਾਲ ਨਾਲ ਸਾਈਬਰ ਸਪੇਸ ਦੇ ਨੁਕਸਾਨ ਵੀ ਹਨ ਜੇਕਰ ਕਿਸੇ ਹੈਕਰ ਜਾਂ ਹੋਰ ਫਰੋਡਸਟਰ ਨੂੰ ਕਿਸੇ ਦੇ ਨੈਟਵਰਕ ਦਾ ਐਕਸੈਸ ਮਿਲ ਜਾਂਦਾ ਹੈ ਤਾਂ ਉਹ ਉਸ ਵਿਅਕਤੀ ਦੇ ਫੰਡ ਟਰਾਂਸਫਰ ਸਮਾਨ ਦੀ ਚੋਰੀ ਡਾਟਾ ਚੋਰੀ ਵਰਗੀਆਂ ਹੋਰ ਗਤੀਵਿਧੀਆਂ ਵਰਗਾ ਨੁਕਸਾਨ ਪਹੁੰਚਾ ਸਕਦਾ ਹੈ। ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੀ ਪ੍ਰਧਾਨਗੀ ਹੇਠ ਚੱਲ ਰਹੇ ਨੀਤੀ ਆਯੋਗ ਦੀ ਇੱਕ ਰਿਪੋਰਟ ਵਿੱਚ ਦਰਸਾਇਆ ਗਿਆ ਹੈ ਕਿ ਅਮਰੀਕਾ ਅਤੇ ਚੀਨ ਤੋਂ ਬਾਅਦ ਭਾਰਤ ਨੇ ਇੰਟਰਨੈਟ ਦੀ ਵਰਤੋਂ ਵਾਲੇ ਉਪਭੋਗਤਾਵਾਂ ਵਿੱਚ ਤੀਜਾ ਦਰਜਾ ਹਾਸਿਲ ਕੀਤਾ ਹੈ ਭਾਰਤ ਨੇ ਅਮਰੀਕਾ ਦੇ ਨਾਲ ਦੁਨੀਆਂ ਦੇ ਚੋਟੀ ਦੇ ਦਸ ਸਪੈਮ ਮੈਸੇਜ ਭੇਜਣ ਵਾਲੇ ਦੇਸ਼ਾਂ ਵਿੱਚ ਆਪਣਾ ਸਥਾਨ ਸੁਰੱਖਿਅਤ ਕੀਤਾ ਹੈ। ਇਹੀ ਨਹੀਂ ਆਨਲਾਈਨ ਸੁਰੱਖਿਆ ਫਰਮ ਸੀਮੈਂਟਿਕ ਕਾਰਬ ਦੀ ਅਕਤੂਬਰ ਰਿਪੋਰਟ ਅਨੁਸਾਰ ਭਾਰਤ ਨੂੰ ਸਾਈਬਰ ਕ੍ਰਾਈਮ ਦੁਆਰਾ ਪ੍ਰਭਾਵਿਤ ਹੋਣ ਵਾਲੇ ਚੋਟੀ ਦੇ ਪੰਜ ਦੇਸ਼ਾਂ ਵਿੱਚ ਦਰਜਾ ਦਿੱਤਾ ਗਿਆ ਹੈ ਸੰਗਠਿਤ ਹੈਕਰ ਅਧਿਕਾਰਤ ਰਾਸ਼ਟਰੀ ਰੱਖਿਆ ਅਤੇ ਕਾਰੋਬਾਰ ਦੇ ਗੁਪਤ ਡਾਟਾ ਨੂੰ ਚੋਰੀ ਕਰਨ ਲਈ ਐਡਵਾਂਸ ਪਰਸਿਸਟੈਂਟ ਥਰੈਟ ਹਮਲਿਆਂ ਦੀ ਵਰਤੋਂ ਕਰਦੇ ਹਨ ਸਭ ਤੋਂ ਆਮ ਵਰਤੀ ਜਾਣ ਵਾਲੀ ਈਮੇਲ ਸੇਵਾ ਜਿਸ ਨੂੰ ਆਪਾਂ ਸਭ ਤੋਂ ਵੱਧ ਵਰਤਦੇ ਹਾਂ ਜੀਮੇਲ ਓਪਨ ਸਿਸਟਮ ਭਾਵ ਆਸਾਨੀ ਨਾਲ ਉਪਲਬਧ ਅਤੇ ਨਾਜ਼ੁਕ ਬੁਨਿਆਦੀ ਢਾਂਚੇ ਦੀ ਵਰਤੋਂ ਕਾਰਨ ਜੋਖਮ ਵਿੱਚ ਵਾਧਾ ਹੁੰਦਾ ਹੈ ਇਹੀ ਨਹੀਂ ਸਾਈਬਰ ਯੁੱਧ ਅਤੇ ਡੀਡੀ ਓਐਸ ਨੇ ਰਾਸ਼ਟਰੀ ਨੈਟਵਰਕ ਸੰਚਾਲਨ ਨੂੰ ਅਦਰੰਗ ਕਰ ਦਿੱਤਾ ਹੈ ਅਸੀਂ ਜਿਸ ਸਮਾਜ ਵਿੱਚ ਵਿਚਰ ਰਹੇ ਹਾਂ ਉਸ ਵਿੱਚ ਇਹਨਾਂ ਸਾਈਬਰ ਟੈਕਸ ਤੋਂ ਤਾਂ ਹੀ ਬਚਿਆ ਜਾ ਸਕਦਾ ਹੈ ਜਦੋਂ ਅਸੀਂ ਇਹਨਾਂ ਟੈਕਸ ਤੋਂ ਜਾਣੂ ਹੋਵਾਂਗੇ ਇਹਨਾਂ ਸਾਈਬਰ ਟੈਕਸ ਵਿੱਚ ਮਾਲਵੇਅਰ ਅਟੈਕਸ ਫਿਸ਼ਿੰਗ ਟੈਕਸ ਮਨੀ ਲਾਂਡਰਿੰਗ ਆਮ ਪ੍ਰਚਲਨ ਵਿੱਚ ਹਨ ਮਾਲਵੇਅਰ ਟੈਕਸ ਤੁਹਾਡੇ ਸਿਸਟਮ ਵਿੱਚ ਅਜਿਹਾ ਵਾਇਰਸ ਪੈਦਾ ਕਰਦੇ ਹਨ ਜਿਸ ਨਾਲ ਉਹ ਸੁਚਾਰੂ ਢੰਗ ਨਾਲ ਕੰਮ ਕਰਨ ਤੋਂ ਅਸਮਰੱਥ ਹੋ ਜਾਂਦਾ ਹੈ। ਫਿਸ਼ਿੰਗ ਅਟੈਕ ਵਿੱਚ ਗਲਤ ਜਾਣਕਾਰੀ ਦੇ ਕੇ ਲੋਕਾਂ ਤੋਂ ਸੂਚਨਾ ਪ੍ਰਾਪਤ ਕੀਤੀ ਜਾਂਦੀ ਹੈ ਜਿਸ ਦਾ ਉਦੇਸ਼ ਵਿੱਤੀ ਫਾਇਦਾ ਜਰੂਰੀ ਡਾਟਾ ਇਕੱਠਾ ਕਰਨਾ ਜਾਂ ਹੋਰ ਸ਼ਾਮਿਲ ਹਨ। ਰੇਨਸਮਵੇਅਰ ਹਮਲਿਆਂ ਵਿੱਚ ਲੋਕਾਂ ਦੇ ਨਿੱਜੀ ਡਾਟੇ ਨੂੰ ਇਨਕ੍ਰਿਪਟ ਕੀਤਾ ਜਾਂਦਾ ਹੈ ਜਦੋਂ ਤੱਕ ਮੰਗੀ ਪੇਮੈਂਟ ਅਦਾ ਨਹੀਂ ਕੀਤੀ ਜਾਂਦੀ ਹੈਕਰਜ ਦੁਆਰਾ ਕੀਤੀਆਂ ਜਾਂਦੀਆਂ ਇਹਨਾਂ ਠੱਗੀ ਠੋਰੀਆਂ ਤੋਂ ਬਚਣ ਲਈ ਹਰ ਵਿਅਕਤੀ ਨੂੰ ਅੱਜ ਆਪਣੇ ਇਲੈਕਟਰੋਨਿਕਸ ਗਜਟ ਰਾਹੀਂ ਅਣ ਅਧਿਕਾਰਿਤ ਸਾਈਟਸ ਤੇ ਸਰਫਿੰਗ ਕਰਨ ਤੋਂ ਗੁਰੇਜ ਕਰਨਾ ਚਾਹੀਦਾ ਹੈ ਆਪਣੇ ਨਿੱਜੀ ਜਾਣਕਾਰੀ ਸੋਸ਼ਲ ਪਲੇਟਫਾਰਮ ਤੇ ਸਾਂਝੀ ਨਹੀਂ ਕਰਨੀ ਚਾਹੀਦੀ ਮੋਬਾਇਲ ਤੇ ਪ੍ਰਾਪਤ ਕਿਸੇ ਵੀ ਲਿੰਕ ਦੇ ਬਿਨਾਂ ਜਾਣਕਾਰੀ ਵਿਜਿਟ ਨਹੀਂ ਕਰਨਾ ਚਾਹੀਦਾ ਅਤੇ ਨਾ ਹੀ ਪ੍ਰਾਪਤ ਓਟੀਪੀ ਸਾਂਝਾ ਕਰਨਾ ਚਾਹੀਦਾ ਆਪ ਜੀ ਲਈ ਜਰੂਰੀ ਸੁਝਾਅ ਇਹ ਵੀ ਹਨ ਕਿਸ ਧਿਆਨ ਰੱਖਿਆ ਜਾਵੇ ਤੁਸੀਂ ਇੱਕ ਸੁਰੱਖਿਤ ਨੈਟਵਰਕ ਦੀ ਵਰਤੋਂ ਕਰ ਰਹੇ ਹੋ ਸਟਰੋਂਗ ਪਾਸਵਰਡ ਅਕਾਊਂਟਸ ਲਈ ਵਰਤੇ ਜਾ ਰਹੇ ਹਨ ਲੋਗਿਨ ਕਰਦੇ ਸਮੇਂ ਮਲਟੀ ਫੈਕਟਰ ਭਾਵ ਇੱਕ ਤੋਂ ਵੱਧ ਪ੍ਰਮਾਣਿਕਤਾ ਵਿਧੀ ਵਰਤੀ ਗਈ ਹੈ ਸੋਫਟਵੇਅਰ ਨੂੰ ਅਪਡੇਟ ਕੀਤਾ ਹੋਇਆ ਹੈ ਵੈਬਸਾਈਟ ਪਰ ਸਹਿਯੋਗ ਹੈ ਜਾਂ ਨਹੀਂ ਇਸ ਦਾ ਧਿਆਨ ਰੱਖਣਾ ਆਪਣੀਆਂ ਗੋਪਨੀਅਤਾਂ ਨੀਤੀਆਂ ਦੀ ਸਮੀਖਿਆ ਕਰਕੇ ਉਹਨਾਂ ਨੂੰ ਲਾਗੂ ਕਰਨ ਵਰਗੀਆਂ ਕੁਝ ਜਰੂਰੀ ਗੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਅਸੀਂ ਆਪਣੇ ਆਪ ਨੂੰ ਅਤੇ ਸਮਾਜ ਨੂੰ ਇੱਕ ਸੁਰੱਖਿਤ ਜੀਵਨ ਦੇਣ ਵਿੱਚ ਸਹਾਇਤਾ ਕਰ ਸਕਦੇ ਹਾਂ




# ਮਾਫੀ- ਪਛਤਾਵਾ ਜਾਂ ਢਾਲ?

ਵਰਲਡ ਪੰਜਾਬੀ ਟਾਈਮਜ਼
ਰਸ਼ਪਿੰਦਰ ਕੌਰ ਗਿੱਲ

ਜਦੋਂ ਕਈ ਸ਼ਖ਼ਸ ਆਪਣੀ ਕੀਤੀ ਗਲਤੀ ਦੀ ਮਾਫੀ ਮੰਗਦਾ ਹੈ ਤਾਂ ਇਹ ਮੰਨ ਕੇ ਉਸ ਨੂੰ ਮਾਫ ਕਰ ਦਿੱਤਾ ਜਾਂਦਾ ਹੈ ਕਿ ਉਸਨੂੰ ਆਪਣੀ ਗਲਤੀ ਦਾ ਪਛਤਾਵਾ ਹੈ। ਪਰ ਕਈ ਸ਼ਖ਼ਸ ਮਾਫੀ ਨੂੰ ਆਪਣੀ ਢਾਲ ਬਣਾ ਲੈਂਦੇ ਹਨ। ਉਹ ਮਾਫੀ ਨੁਮਾ ਢਾਲ ਨੂੰ ਬਾਖੂਬੀ ਵਰਤਦੇ ਹਨ। ਉਹ ਬਾਰ-ਬਾਰ ਗਲਤੀ ਕਰਦੇ ਹਨ, ਜਾਣ-ਬੁਝ ਕੇ ਕਰਦੇ ਹਨ, ਸੋਚ-ਸਮਝ ਕੇ ਕਰਦੇ ਹਨ।




ਉਨਾਂ ਨੂੰ ਪਤਾ ਹੁੰਦਾ ਹੈ ਕਿ ਹਰ ਗਲਤੀ ਤੋਂ ਬਾਦ ਫੜੇ ਜਾਣ 'ਤੇ ਉਨਾਂ ਮਾਫੀ ਕਿਵੇਂ ਮੰਗਣੀ ਹੈ? ਹੱਥ ਜੋੜ ਕੇ ਮੰਗਣੀ ਹੈ, ਚਹਿਰੇ 'ਤੇ ਉਦਾਸੀ ਲਿਆ ਕੇ ਮੰਗਣੀ ਹੈ, ਅੱਖਾਂ ਝੁਕਾ ਕੇ ਮੰਗਣੀ ਹੈ, ਪੈਰਾਂ ਚ ਡਿੱਗ ਕੇ ਮੰਗਣੀ ਹੈ, ਜ਼ੁਬਾਨ 'ਤੇ ਮਿਠਾਸ ਲਿਆ ਕੇ ਮੰਗਣੀ ਹੈ, ਵਿਚਾਰੇ ਜਿਹੇ ਬਣਕੇ ਮੰਗਣੀ ਹੈ, ਧਰਤੀ 'ਤੇ ਲੇਟ ਕੇ ਮੰਗਣੀ ਹੈ, ਸਰਕਾਰੇ ਦਰਬਾਰੇ ਮੰਗਣੀ ਹੈ, ਹਲੀਮੀ ਨਾਲ ਮੰਗਣੀ ਹੈ, ਉੱਚੀ-ਉੱਚੀ ਰੌਲਾ ਪਾ ਕੇ ਮੰਗਣੀ ਹੈ।

ਪਰ ਮਾਫੀ ਕੋਈ ਢਾਲ ਨਹੀਂ ਇੱਕ ਪਛਤਾਵਾ ਹੈ। ਜੋ ਸਿਰਫ ਮਾਫੀ ਮੰਗਣ ਨਾਲ ਪੂਰਾ ਨਹੀਂ ਹੁੰਦਾ। ਬਲਕਿ ਖੁਦ ਨੂੰ ਸੁਧਾਰ ਕੇ, ਆਪਣੇ ਔਗੁਣਾਂ ਨੂੰ ਕੱਢ ਕੇ, ਜੋ ਨੁਕਸਾਨ ਹੋਇਆ ਉਸਦੀ ਭਰਪਾਈ ਕਰਕੇ ਹੀ ਪਛਤਾਵਾ ਪੂਰਾ ਹੁੰਦਾ ਹੈ।

ਪਰ ਜੋ ਸ਼ਖ਼ਸ ਮਾਫੀ ਨੁਮਾ ਢਾਲ ਥੰਮ ਕੇ ਵਿਚਰਦੇ ਹਨ, ਉਹ ਬਹੁਤ ਹੀ ਘਾਤਕ ਸਾਬਿਤ ਹੁੰਦੇ ਹਨ, ਕਿਉਂਕਿ ਉਨਾਂ ਦੀ ਬਿਰਤੀ ਹਰ ਵਕਤ ਨੁਕਸਾਨ ਪਹੁੰਚਾਉਣ ਉੱਪਰ ਹੁੰਦੀ ਹੈ। ਨੁਕਸਾਨ ਚਾਹੇ ਲਫਜ਼ਾਂ ਨਾਲ ਹੋਵੇ, ਸਿਧਾਂਤਕ ਹੋਵੇ, ਸਮਾਜਿਕ ਹੋਵੇ, ਰਾਜਨੀਤਿਕ ਹੋਵੇ, ਬੌਧਿਕ ਹੋਵੇ, ਧਾਰਮਿਕ ਹੋਵੇ, ਵਿਅਕਤੀਗਤ ਹੋਵੇ ਚਾਹੇ ਆਰਥਿਕ ਹੋਵੇ।

ਸਾਨੂੰ ਆਪਣੇ ਚਾਰ ਚੁਫੇਰੇ ਇਸ ਤਰਾਂ ਦੇ ਸ਼ਖ਼ਸ ਅੱਜ ਕੱਲ ਆਮ ਮਿਲ ਜਾਂਦੇ ਹਨ। ਘਰ ਵਿੱਚ ਮਿਲ ਜਾਂਦੇ ਹਨ, ਗੁਆਂਢ ਵਿੱਚ ਮਿਲ ਜਾਂਦੇ ਹਨ, ਰਿਸ਼ਤੇਦਾਰਾਂ ਵਿੱਚ ਮਿਲ ਜਾਂਦੇ ਹਨ, ਬਜ਼ਾਰ ਵਿੱਚ ਮਿਲ ਜਾਂਦੇ ਹਨ, ਸੱਜਣਤਾਈ ਵਿੱਚ ਮਿਲ ਜਾਂਦੇ ਹਨ ਜਾਂ ਸਮਾਜ ਵਿੱਚ ਵਿਚਰਦਿਆਂ ਮਿਲ ਜਾਂਦੇ ਹਨ।

ਮੇਰੇ ਵਿਚਾਰ ਹਨ ਕਿ ਮਾਫੀ ਸ਼ਬਦ ਜਿੰਦਗੀ ਵਿੱਚ ਹੋਣਾ ਹੀ ਨਹੀਂ ਚਾਹਿਦਾ। ਮਾਫੀ ਜੇਕਰ ਦਿਮਾਗ ਵਿੱਚ ਨਹੀਂ ਹੋਵੇਗੀ ਤਾਂ ਦਿਮਾਗ ਕੁਝ ਵੀ ਗਲਤ ਕਰਣ ਬਾਰੇ ਨਹੀਂ ਸੋਚੇਗਾ। ਜੇਕਰ ਕਦੇ ਗਲਤੀ ਹੋ ਜਾਵੇ ਤਾਂ ਮਾਫੀ ਮੰਗਣ ਨਾਲੋਂ ਆਪਣੀ ਗਲਤੀ ਮੰਨੋ ਅਤੇ ਆਪਣੀ ਗਲਤੀ ਨੂੰ ਸੁਧਾਰਣ ਦੀ ਕੋਸ਼ਿਸ਼ ਕਰੋ। ਜੋ ਨੁਕਸਾਨ ਤੁਹਾਡੇ ਕਰਕੇ ਹੋਇਆ ਹੈ ਉਸ ਦੀ ਭਰਪਾਈ ਕਰੋ ਅਤੇ ਦੁਬਾਰਾ ਗਲਤੀ ਨਾ ਕਰਣ ਦਾ ਪ੍ਰਣ ਕਰੋ।

ਮਾਫੀ ਸ਼ਬਦ ਆਪਣੀ ਜ਼ਿੰਦਗੀ ਵਿੱਚੋਂ ਕੱਢ ਦੋ। ਨਾ ਮਾਫੀ ਮੰਗੋ ਨਾ ਮਾਫੀ ਦਿਉ। ਕਿਉਂਕੀ ਜੋ ਸ਼ਖ਼ਸ ਬਾਰ-ਬਾਰ ਤੁਹਾਡੇ ਕੋਲੋਂ ਮਾਫੀ ਮੰਗਣ ਆ ਰਿਹਾ ਹੈ ਤਾਂ ਸਮਝ ਲਉ ਉਹ ਹੁਣ ਤੁਹਾਡੇ ਲਈ ਘਾਤਕ ਹੈ। ਤੁਹਾਡੀ ਇੱਕ ਚੁੱਪ ਉਸ ਸ਼ਖ਼ਸ ਲਈ ਭਾਂਬੜ ਦਾ ਕੰਮ ਕਰੇਗੀ ਅਤੇ ਆਪਣੀ ਈਨ ਮਨਾਉਣ ਲਈ ਤੁਹਾਡੇ ਉੱਪਰ ਘਾਤਕ ਹਮਲੇ ਸ਼ੁਰੂ ਕਰ ਦੇਵੇਗਾ। ਚਾਹੇ ਉਹ ਹਮਲੇ ਵਿਅਕਤੀਗਤ ਹੋਣ ਚਾਹੇ ਸਮਾਜਿਕ ਹੋਣ।

ਅੱਜ ਕੱਲ ਮਾਫੀ ਨੁਮਾ ਢਾਲ ਵਰਤਣ ਵਾਲੇ ਸ਼ਖ਼ਸ ਤੁਹਾਨੂੰ ਸਮਾਜਿਕ ਅਤੇ ਰਾਜਨੀਤਿਕ ਪੱਧਰ ਤੇ ਆਮ ਮਿਲ ਜਾਣਗੇ। ਮਾਫੀ ਸ਼ਬਦ ਖਤਰਨਾਕ ਹਥਿਆਰ ਸਾਬਿਤ ਹੋ ਰਿਹਾ ਹੈ। ਨਾ ਮਾਫੀ ਮੰਗੋ ਨਾ ਮਾਫੀ ਦਿਉ।

# ਸੋਹਣੇ, ਸੁਨੱਖੇ ਮੁੰਡੇ/ਮਿੰਨੀ ਕਹਾਣੀ

ਵਰਲਡ ਪੰਜਾਬੀ ਟਾਈਮਜ਼
ਮਹਿੰਦਰ ਸਿੰਘ ਮਾਨ



ਗੁਰਵਿੰਦਰ ਦੀ ਇਹ ਦਿਲੀ ਇੱਛਾ ਸੀ ਕਿ ਉਸ ਦਾ ਵਿਆਹ ਕਿਸੇ ਸੋਹਣੇ, ਸੁਨੱਖੇ ਮੁੰਡੇ ਨਾਲ ਹੋਵੇ। ਆਖਰ ਉਸ ਦੀ ਇਹ ਇੱਛਾ ਪੂਰੀ ਹੋ ਗਈ। ਉਸ ਦਾ ਵਿਆਹ ਕੁੱਲੇਵਾਲ ਪਿੰਡ ਵਿੱਚ ਸੋਹਣੇ, ਸੁਨੱਖੇ ਸ਼ਾਮ ਨਾਲ ਹੋ ਗਿਆ। ਉਸ ਨੇ ਸ਼ਾਮ ਦਾ ਘਰ ਬਾਰ ਦੇਖਣ ਦੀ ਵੀ ਲੋੜ ਨਹੀਂ ਸੀ ਸਮਝੀ। ਉਸ ਦਾ ਵਿਆਹ ਹੋਏ ਨੂੰ ਤਿੰਨ ਮਹੀਨੇ ਹੀ ਹੋਏ ਸਨ ਕਿ ਉਸ ਨੂੰ ਸ਼ਾਮ ਦੇ ਘਰ ਦੀ ਅਸਲੀਅਤ ਦਾ ਪਤਾ ਲੱਗ ਗਿਆ। ਸ਼ਾਮ ਆਪਣੇ ਵੱਡੇ ਭਰਾ ਅਤੇ ਛੋਟੇ ਭਰਾ ਨਾਲ ਮਿਲ ਕੇ ਕੰਮ ਕਰਦਾ ਸੀ। ਤਿੰਨਾਂ ਨੂੰ ਜੋ ਕੁੱਝ ਮਿਲਦਾ, ਉਹ ਵੱਡਾ ਭਰਾ ਰੱਖ ਲੈਂਦਾ ਤੇ ਅੱਗੇ ਆਪਣੀ ਪਤਨੀ ਨੂੰ ਦੇ ਦਿੰਦਾ। ਉਹ ਰੱਜ ਕੇ ਕੰਜੂਸ ਸੀ। ਉਹ ਨਿੱਤ ਵਰਤੋਂ ਦੀਆਂ ਚੀਜ਼ਾਂ ਲੈਣ ਨੂੰ ਵੀ ਪੈਸੇ ਨਹੀਂ ਸੀ ਦਿੰਦੀ। ਉਹ ਮੰਗਣ ਤੇ ਸ਼ਾਮ ਨੂੰ ਵੀ ਕੁੱਝ ਨਹੀਂ ਸੀ ਦਿੰਦੀ ਪਰ ਕਹਿੰਦਾ ਕੁੱਝ ਨਾ ਕਿਉਂਕਿ ਉਸ ਦਾ ਆਪਣਾ ਦਿਮਾਗ਼ ਕੰਮ ਨਹੀਂ ਸੀ ਕਰਦਾ। ਜੇ ਗੁਰਵਿੰਦਰ ਸ਼ਾਮ ਨੂੰ ਕੁੱਝ ਕਹਿੰਦੀ, ਤਾਂ ਉਹ ਜਾ ਕੇ ਆਪਣੀ ਵੱਡੀ ਭਰਜਾਈ ਨੂੰ ਦੱਸ ਦਿੰਦਾ। ਵੱਡੀ ਭਰਜਾਈ ਗੁਰਵਿੰਦਰ ਨੂੰ ਵੱਧ, ਘੱਟ ਬੋਲ ਕੇ ਚੁੱਪ ਕਰਾ ਦਿੰਦੀ। ਇਸ ਤਰ੍ਹਾਂ ਬਹੁਤਾ ਸਮਾਂ ਨਾ ਲੰਘਿਆ। ਗੁਰਵਿੰਦਰ ਆਪਣੇ ਪੇਕੇ ਆ ਕੇ ਆਪਣੀ ਮੰਮੀ ਕੋਲ ਰਹਿਣ ਲੱਗ ਪਈ।

ਅੱਜ ਜਦੋਂ ਗੁਰਵਿੰਦਰ ਦੀ ਭਾਣਜੀ ਮਨਜੀਤ ਦਾ ਫੋਨ ਆਇਆ ਕਿ ਉਸ ਦਾ ਰਿਸ਼ਤਾ ਸੋਹਣੇ, ਸੁਨੱਖੇ ਮੁੰਡੇ ਨਾਲ ਹੁੰਦਾ ਆ,ਤਾਂ ਉਸ ਨੇ ਮਨਜੀਤ ਨੂੰ ਝੱਟ ਆਖਿਆ, "ਮਨਜੀਤ ਮੁੰਡਿਆਂ ਦੇ ਰੰਗ, ਰੂਪ ਨ੍ਹੀ ਦੇਖੀਦੇ। ਸਗੋਂ ਕੰਮ, ਅਕਲ ਤੇ ਘਰ, ਬਾਰ ਦੇਖੀਦੇ ਆ। ਮੈਂ ਸੋਹਣੇ, ਸੁਨੱਖੇ ਨਾਲ ਵਿਆਹ ਕਰਵਾ ਕੇ ਪਛਤਾ ਰਹੀ ਆਂ। ਉਸ ਵੇਲੇ ਜੇਕਰ ਮੈਂ ਇਹ ਸਭ ਕੁੱਝ ਦੇਖਿਆ ਹੁੰਦਾ, ਤਾਂ ਅੱਜ ਪੇਕੀਂ ਨਾ ਬੈਠੀ ਹੁੰਦੀ।" ਮਨਜੀਤ ਨੂੰ ਗੱਲ ਸਮਝ ਆ ਗਈ ਤੇ

ਉਸ ਨੇ ਗੁਰਵਿੰਦਰ ਦੀ ਹਾਂ ਵਿੱਚ ਹਾਂ ਮਿਲਾ ਕੇ ਫੋਨ ਬੰਦ ਕਰ ਦਿੱਤਾ।